**ਪ੍ਰੈਸ ਨੋਟ -1**

**1/19849/2020**

**ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫਤਰ, ਫਾਜ਼ਿਲਕਾ**

**ਟਿੱਡੀ ਦਲ ਦੇ ਹਮਲੇ ਦੀ ਖਬਰ ਮਿਲਣ ’ਤੇ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਮੌਕੇ ’ਤੇ ਜਾ ਕੇ ਸਥਿਤੀ ਦਾ ਲਿਆ ਜਾਇਜਾ**

**ਟਿੱਡੀ ਦੱਲ ਦੇ ਖਾਤਮੇ ਲਈ ਕਰਵਾਈ ਗਈ ਸਪਰੇਅ-ਪਵਨ ਕੁਮਾਰ**

ਫਾਜ਼ਿਲਕਾ, 23 ਅਪ੍ਰੈਲ

ਭਾਰਤ-ਪਾਕ ਸਰਹੱਦ ਨੇੜੇ ਪਿੰਡ ਰੂਪ ਨਗਰ ਦੇ ਖੇਤਾਂ ਵਿੱਚ ਟਿੱਡੀ ਦੱਲ ਦੇ ਹਮਲੇ ਦੀ ਸੂਚਨਾ ਪ੍ਰਾਪਤ ਹੋਣ ’ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਫੌਰੀ ਤੌਰ ’ਤੇ ਸਖਤ ਕਦਮ ਚੁੱਕਦਿਆਂ ਟੀਮ ਨੂੰ ਮੌਕੇ ਦੀ ਸਥਿਤੀ ਦਾ ਜਾਇਜਾ ਲੈਣ ਲਈ ਭੇਜਿਆ ਗਿਆ। ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ’ਤੇ ਤਹਿਸੀਲਦਾਰ ਫਾਜ਼ਿਲਕਾ ਪਵਨ ਕੁਮਾਰ ਅਤੇ ਹੋਰਨਾਂ ਅਧਿਕਾਰੀਆਂ ਨੇ ਮੌਕੇ ’ਤੇ ਪਹੰੁਚ ਕੇ ਸਥਿਤੀ ਦਾ ਜਾਇਜਾ ਲਿਆ ਅਤੇ ਟਿੱਡੀ ਦਲ ਦੇ ਖਾਤਮੇ ਲਈ ਸਪਰੇਅ ਕਰਵਾਈ।

ਇਸ ਦੌਰਾਨ ਉਨ੍ਹਾਂ ਦੱਸਿਆ ਕਿ ਭਾਰਤ ਪਾਕ ਸਕਹੱਦ ਨੇੜੇ ਵਸੇ ਪਿੰਡ ਰੂਪ ਨਗਰ ਵਿੱਚ ਜੀਰੋ ਲਾਇਨ ਨੇੜੇ ਖੇਤਾਂ ਵਿੱਚ ਟਿੱਡੀ ਦੱਲ ਵੱਲੋ ਮੁੜ ਹਮਲਾ ਕੀਤਾ ਗਿਆ ਹੈ ਜਿਸ ’ਤੇ ਸਬੰਧਤ ਹਲਕਾ ਪਟਵਾਰੀ ਸਹਿਤ ਸਥਿਤੀ ਦਾ ਜਾਇਜਾ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪਿੰਡ ਰੂਪ ਨਗਰ ਦੇ ਸਾਬਕਾ ਸਰਪੰਚ ਮਹਿੰਦਰ ਸਿੰਘ ਭੋਮਿਆ ਅਤੇ ਹੋਰ ਕਿਸਾਨਾਂ ਦੇ ਦੱਸਣ ਮੁਤਾਬਕ ਪਾਕਿਸਤਾਨ ਤੋ ਆਏ ਟਿੱਡੀ ਦੱਲ ਵੱਲੋ ਪਿਛਲੇ ਕਈ ਦਿਨਾਂ ਤੋ ਸਰਹੱਦੀ ਖੇਤਰ ਦੇ ਖੇਤਾਂ ਵਿੱਚ ਖੜੀ ਫਸਲ ਤੇ ਹਮਲਾ ਕੀਤਾ ਜਾ ਰਿਹਾ ਅਤੇ ਫਸਲ ਨੂੰ ਨੁਕਸਾਨ ਪਹੁੰਚਾਇਆ ਜਾ ਰਿਹਾ ਸੀ।

ਉਨ੍ਹਾਂ ਕਿਹਾ ਕਿ ਜਿਨ੍ਹਾਂ ਇਲਾਕਿਆਂ ’ਤੇ ਟਿੱਡੀ ਦੱਲ ਨੂੰ ਦੇਖਿਆ ਗਿਆ, ਉਨ੍ਹਾਂ ਇਲਾਕਿਆਂ ’ਤੇ ਟਿੱਡੀ ਦੱਲ ਦੇ ਖਾਤਮੇ ਲਈ ਸਪਰੇਅ ਕਰਵਾ ਦਿੱਤੀ ਗਈ ਹੈ। ਜ਼ਿਲ੍ਹਾ ਪ੍ਰਸ਼ਾਸਨ ਟਿੱਡੀ ਦੱਲ ਨੂੰ ਲੈ ਕੇ ਪੂਰੀ ਤਰ੍ਹਾਂ ਸੁਚੇਤ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਕੁਝ ਸਮਾਂ ਪਹਿਲਾਂ ਇਸ ਖੇਤਰ ਦੇ ਖੇਤਾਂ ’ਤੇ ਟਿੱਡੀ ਦੱਲ ਵੱਲੋ ਹਮਲਾ ਕੀਤਾ ਗਿਆ ਸੀ ਜਿਸ ਤੋ ਬਾਅਦ ਖੇਤਾਂ ਵਿੱਚ ਸਪਰੇਅ ਕਰਕੇ ਟਿੱਡੀ ਦੱਲ ਨੂੰ ਖਤਮ ਕੀਤਾ ਗਿਆ ਸੀ।

ਰਾਜਸਥਾਨ ਦੇ ਲੋਕਟ ਸਰਕਿਟ ਦਫਤਰ ਸੂਰਤਗੜ੍ਹ ਦੀ ਟੀਮ ਹੈਡ ਸ੍ਰੀ ਜੇ.ਪੀ. ਗੋਦਾਰਾ ਨੇ ਦੱਸਿਆ ਕਿ ਇਸ ਇਲਾਕੇ ਵਿੱਚ ਟਿੱਡੀ ਦੱਲ ’ਤੇ ਨਿਗਰਾਣੀ ਰੱਖਣ ਲਈ ਉਨ੍ਹਾਂ ਦੀ ਟੀਮ ਪਿਛਲੇ ਕਾਫੀ ਸਮੇਂ ਤੋ ਤਾਇਨਾਤ ਹੈ। ਉਨ੍ਹਾਂ ਦੱਸਿਆ ਕਿ ਟਿੱਡੀ ਦੱਲ ਦੇ ਖਾਤਮੇ ਲਈ ਸਪਰੇਅ ਕੀਤੀ ਜਾ ਚੁੱਕੀ ਹੈ ਅਤੇ ਜਲਦ ਹੀ ਟਿੱਡੀ ਦੱਲ ਦਾ ਖਾਤਮਾ ਹੋ ਜਾਵੇਗਾ।

ਇਸ ਮੌਕੇ ਨਾਇਬ ਤਹਿਸੀਲਦਾਰ ਫਾਜ਼ਿਲਕਾ ਵਿਜੇ ਕੁਮਾਰ ਬਹਿਲ, ਅੰਕੁਰ ਸ਼ਰਮਾ, ਭਾਰਤ ਭੂਸ਼ਨ, ਪਟਵਾਰੀ ਰਾਕੇਸ਼ ਕੁਮਾਰ ਅਤੇ ਲੋਕਟ ਸਰਕਿਟ ਦਫਤਰ ਸੂਰਤਗੜ੍ਹ ਦੇ ਟੀਮ ਮੈਂਬਰ ਮੌਜੂਦ ਰਹੇ।

**ਪ੍ਰੈਸ ਨੋਟ-2**

**1/19919/2020**

**ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ**

**ਪਵਿੱਤਰ ਰਮਜ਼ਾਨ ਮੌਕੇ ਆਪੋ ਆਪਣੇ ਘਰਾਂ ਤੋਂ ਹੀ ਕੀਤੀ ਜਾਵੇ ਨਮਾਜ਼ ਅਦਾ-ਡਿਪਟੀ ਕਮਿਸ਼ਨਰ**

**ਜੱਫੀ ਪਾਉਣ ਅਤੇ ਹੱਥ ਮਿਲਾਉਣ ਤੋਂ ਵੀ ਕੀਤਾ ਜਾਵੇ ਪਰਹੇਜ਼**

**ਫ਼ਾਜ਼ਿਲਕਾ, 23 ਅਪ੍ਰੈਲ**

ਪੰਜਾਬ ਸਰਕਾਰ ਨੇ ਕੋਵਿਡ-19 ਮਹਾਂਮਾਰੀ ਦੇ ਮੱਦੇਨਜ਼ਰ ਪਵਿੱਤਰ ਰਮਜ਼ਾਨ ਮਹੀਨੇ ਨੂੰ ਸੁਰੱਖਿਅਤ ਢੰਗ ਨਾਲ ਮਨਾਉਣ ਸੰਬੰਧੀ ਇੱਕ ਅਡਵਾਈਜ਼ਰੀ ਜਾਰੀ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮਨੁੱਖੀ ਮੇਲ ਜੋਲ ਰਾਹੀਂ ਇਸ ਖਤਰਨਾਕ ਵਾਇਰਸ ਨੂੰ ਫੈਲਣ ਤੋਂ ਰੋਕਣ ਦੇ ਉਦੇਸ਼ ਨਾਲ ਲੋਕਾਂ ਦੀ ਖੁੱਲੀ ਆਵਾਜਾਈ ’ਤੇ ਪਾਬੰਦੀ ਲਗਾਈ ਹੈ ਅਤੇ ਇਕੱਠ ਕਰਨ ’ਤੇ ਵੀ ਰੋਕ ਲਗਾ ਦਿੱਤੀ ਹੈ। ਕੋਵਿਡ-19 ਮਹਾਂਮਾਰੀ ਕਾਰਨ ਪੈਦਾ ਹੋਏ ਇਸ ਸੰਕਟਕਾਲੀ ਸਮੇਂ ਦੌਰਾਨ ਰਮਜ਼ਾਨ ਦੇ ਪਵਿੱਤਰ ਮਹੀਨੇ ਦੇ ਜਸ਼ਨ ਮਨਾਉਣ ਵਾਲੀਆਂ ਥਾਵਾਂ ’ਤੇ ਕੁਝ ਖਾਸ ਰੋਕਥਾਮ ਉਪਾਵਾਂ ਤੇ ਸਾਵਧਾਨੀਆਂ ਦੀ ਧਿਆਨ ਨਾਲ ਪਾਲਣਾ ਕਰਨ ਦੀ ਲੋੜ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਮੁਸਲਿਮ ਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਉਹ ਸਾਰੇ ਦਿਸ਼ਾ-ਨਿਰਦੇਸ਼ਾਂ ਦੀ ਧਿਆਨ ਨਾਲ ਪਾਲਣਾ ਕਰਨ, ਜਿਸ ਤਹਿਤ ਸਾਰੀਆਂ ਮਸਜਿਦਾਂ / ਦਰਗਾਹਾਂ / ਇਮਾਮਬਾੜਿਆਂ ਅਤੇ ਹੋਰ ਧਾਰਮਿਕ ਸੰਸਥਾਵਾਂ ਬੰਦ ਰਹਿਣਗੀਆਂ ਅਤੇ ਲੋਕਾਂ ਨੂੰ ਇਕੱਠ ਕਰਕੇ ਨਮਾਜ਼ਾਂ (ਨਿਮਜ਼-ਏ-ਬਾਜਾਮਤ)ਅਦਾ ਕਰਨ, ਜੁੰਮੇ ਦੀ ਨਮਾਜ਼ ਸਮੇਤ ਤਰਾਵੀ ਅਦਾ ਕਰਨ ਦੀ ਮੁਕੰਮਲ ਮਨਾਹੀ ਹੋਵੇਗੀ। ਲੋਕਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪੋ ਆਪਣੇ ਘਰਾਂ ਤੋਂ ਹੀ ਨਮਾਜ਼ ਅਦਾ ਕਰਨ। ਉਨਾਂ ਕਿਹਾ ਕਿ ਉਰਸ, ਪਬਲਿਕ ਅਤੇ ਪ੍ਰਾਈਵੇਟ ਇਫਤਾਰ ਪਾਰਟੀਆਂ / ਕਾਰਜਾਂ, ਦਾਵਤ-ਏ-ਸੇਹਰੀ ਅਤੇ ਸ਼ਰਧਾਲੂਆਂ ਦੀ ਇਕੱਤਰਤਾ ਵਾਲੇ ਕਿਸੇ ਵੀ ਹੋਰ ਧਾਰਮਿਕ ਸਮਾਗਮਾਂ ਸਮੇਤ ਹਰ ਕਿਸਮ ਦੇ ਜਸ਼ਨਾਂ ਦਾ ਸਖਤੀ ਨਾਲ ਪਰਹੇਜ਼ ਕੀਤਾ ਜਾਵੇ।

ਉਨਾਂ ਕਿਹਾ ਕਿ ਮਸਜਿਦ ਦੇ ਅੰਦਰ ਜੂਸ, ਸ਼ਰਬਤ ਜਾਂ ਖਾਣ-ਪੀਣ ਦੀਆਂ ਹੋਰ ਚੀਜ਼ਾਂ ਜਾਂ ਘਰ-ਘਰ ਜਾ ਕੇ ਵੰਡੀਆਂ ਜਾਣ ਵਾਲੀਆਂ ਚੀਜ਼ਾਂ ਦੀ ਜਨਤਕ ਵੰਡ ’ਤੇ ਪੂਰੀ ਤਰਾਂ ਪਾਬੰਦੀ ਹੈ। ਇਸ ਤੋਂ ਇਲਾਵਾ ਖਾਣ ਪੀਣ ਦੀਆਂ ਵਸਤਾਂ ਦੀਆਂ ਦੁਕਾਨਾਂ/ ਰੇਹੜੀਆਂ ਨੂੰ ਮਸਜਿਦ ਦੇ ਨੇੜੇ ਲਗਾਉਣ ਨਹੀਂ ਦਿੱਤਾ ਜਾਵੇਗਾ।

ਇਸ ਦੌਰਾਨ ਸਿਵਲ ਸਰਜਨ ਡਾ. ਸੁਰਿੰਦਰ ਸਿੰਘ ਨੇ ਕਿਹਾ ਕਿ ਪਹਿਲਾਂ ਤੋਂ ਮੌਜੂਦ ਸਿਹਤ ਸਮੱਸਿਆਵਾਂ ਜਿਵੇਂ ਕਿ ਸ਼ੂਗਰ, ਦਿਲ ਦੀਆਂ ਬਿਮਾਰੀਆਂ ਆਦਿ ਵਾਲੇ ਵਿਅਕਤੀਆਂ ਨੂੰ ਸਹੀ ਡਾਕਟਰੀ ਸਲਾਹ ਤੋਂ ਬਾਅਦ ਹੀ ਰੋਜ਼ਾ ਰੱਖਣਾ ਚਾਹੀਦਾ ਹੈ। ਉਨਾਂ ਕਿਹਾ ਕਿ ਮਸਜਿਦ ਵਿੱਚ ਜਨਤਕ ਸੰਬੋਧਨ ਦੀ ਵਰਤੋਂ ਕੇਵਲ ਸਥਾਨਕ ਅਧਿਕਾਰੀਆਂ ਦੁਆਰਾ ਕਿਸੇ ਕਿਸਮ ਦੀ ਘੋਸ਼ਣਾ ਕਰਨ ਲਈ ਜਾਂ ਲੋੜ ਪੈਣ ਤੇ ਸੇਹਰੀ ਦੇ ਅੰਤ ਅਤੇ ਇਫਤਾਰ ਸਮੇਂ ਦੀ ਸ਼ੁਰੂਆਤ ਸਬੰਧੀ ਘੋਸ਼ਣਾ ਲਈ ਹੀ ਕੀਤੀ ਜਾਣੀ ਚਾਹੀਦੀ ਹੈ।

ਉਨਾਂ ਕਿਹਾ ਕਿ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੋਕਾਂ ਨੂੰ ਘਰ ਵਿਚ ਹੀ ਰਹਿਣਾ ਚਾਹੀਦਾ ਹੈ ਅਤੇ ਰਿਸ਼ਤੇਦਾਰਾਂ, ਮਿੱਤਰਾਂ, ਗੁਆਂਢੀਆਂ ਆਦਿ ਨੂੰ ਇਨਾਂ ਦਿਨਾਂ ਦੌਰਾਨ ਹਰ ਸਮੇਂ ਕਿਸੇ ਵੀ ਵਿਅਕਤੀ ਤੋਂ ਘੱਟੋ ਘੱਟ 1 ਮੀਟਰ ਦੀ ਦੂਰੀ ਬਣਾ ਕੇ ਸਮਾਜਿਕ ਦੂਰੀ ਦੇ ਨਿਯਮ ਦੀ ਪਾਲਣਾ ਕਰਨੀ ਚਾਹੀਦੀ ਹੈ। ਉਨਾਂ ਕਿਹਾ ਕਿ ਜਸ਼ਨ ਮਨਾਉਣ ਅਤੇ ਸ਼ੁਭਕਾਮਨਾਵਾਂ ਦੇਣ ਲਈ ਹੋਰਾਂ ਨੂੰ

ਜੱਫੀ ਪਾਉਣ ਅਤੇ ਹੱਥ ਮਿਲਾਉਣ ਤੋਂ ਵੀ ਪਰਹੇਜ਼ ਕਰਨਾ ਚਾਹੀਦਾ ਹੈ।

ਸੰਚਾਰ ਅਤੇ ਦਿਲੀ ਪ੍ਰਗਟਾਵੇ ਦੇ ਹੋਰ ਢੰਗਾਂ ਬਾਰੇ ਦੱਸਦਿਆਂ ਉਨਾਂ ਕਿਹਾ ਕਿ ਦਿਲ ’ਤੇ ਹੱਥ ਰੱਖਣਾ, ਹੱਥ ਲਹਿਰਾਉਣਾ, ਸਿਰ ਹਿਲਾਉਣਾ ਆਦਿ ਨੂੰ ਇਕ ਦੂਜੇ ਨੂੰ ਵਧਾਈ ਦੇਣ ਦੇ ਉਦੇਸ਼ ਲਈ ਵਰਤਿਆ ਜਾ ਸਕਦਾ ਹੈ। ਉਨਾਂ ਆਮ ਲੋਕਾਂ ਨੂੰ ਸਲਾਹ ਵੀ ਦਿੱਤੀ ਕਿ ਉਹ ਆਪੋ ਆਪਣੇ ਘਰਾਂ ਤੋਂ ਹੀ ਨਮਾਜ਼ ਅਦਾ ਕਰਨ ਅਤੇ ਰਮਜ਼ਾਨ ਦੌਰਾਨ ਇਫ਼ਤਾਰ ਅਤੇ ਜਸ਼ਨਾਂ ਲਈ ਹਰ ਤਰਾਂ ਦੇ ਸਮਾਜਿਕ ਇਕੱਠਾਂ ਤੋਂ ਪਰਹੇਜ਼ ਕਰਨ। ਉਨਾਂ ਕਿਹਾ ਕਿ ਮੋਬਾਈਲ ਅਤੇ ਹੋਰ ਇਲੈਕਟ੍ਰਾਨਿਕ ਮੀਡੀਆ ਨੂੰ ਲੋਕਾਂ ਦੁਆਰਾ ਵਧਾਈਆਂ ਦੇਣ ਲਈ ਇਸਤੇਮਾਲ ਕੀਤਾ ਜਾਣਾ ਚਾਹੀਦਾ ਹੈ।

**ਪ੍ਰੈਸ ਨੋਟ-3**

**1/19931/2020**

**ਸੂਚਨਾ ਤੇ ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਾਜਿਲਕਾ**

**ਅਨਾਜ ਮੰਡੀਆਂ ’ਚ ਕਣਕ ਦੀ ਖਰੀਦ ਨਿਰਵਿਘਨ ਜਾਰੀ-ਅਰਵਿੰਦ ਪਾਲ ਸਿੰਘ ਸੰਧੂ**

**118557 ਮੀਟ੍ਰਿਕ ਟਨ ਕਣਕ ਦੀ ਹੁਣ ਤੱਕ ਹੋਈ ਖਰੀਦ**

**120344 ਮੀਟ੍ਰਿਕ ਟਨ ਕਣਕ ਦੀ ਹੋਈ ਆਮਦ**

ਫ਼ਾਜ਼ਿਲਕਾ, 23 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਹੈ। ਖਰੀਦ ਦੌਰਾਨ ਅਨਾਜ ਮੰਡੀਆਂ ਵਿੱਚ ਕਿਸਾਨਾਂ ਨੂੰ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ। ਵੀਰਵਾਰ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ’ਚ 120344 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਹੈ, ਜਿਸ ਵਿੱਚੋਂ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 118557 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਕੀਤੀ ਜਾ ਚੁੱਕੀ ਹੈ। ਕਣਕ ਦੀ ਖਰੀਦ ਨਾਲੋ-ਨਾਲ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਭਾਵੇਂ ਕੋਰੋਨਾ ਵਾਇਰਸ ਦਾ ਸੰਕਟ ਪੂਰੇ ਮੁਲਕ ਅੰਦਰ ਮੰਡਰਾ ਰਿਹਾ ਹੈ, ਪਰ ਕਿਸਾਨਾਂ ਨੂੰ ਘਬਰਾਉਣ ਦੀ ਲੋੜ ਨਹੀਂ ਹੈ। ਸੂਬਾ ਸਰਕਾਰ ਕਿਸਾਨਾਂ ਦੀ ਸਿਹਤ ਅਤੇ ਫਸਲ ਦੀ ਸਾਂਭ-ਸੰਭਾਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਦੀ ਫਸਲ ਦਾ ਇਕ-ਇਕ ਦਾਣਾ ਖਰੀਦਿਆ ਜਾਵੇਗਾ। ਜ਼ਿਲ੍ਹੇ ਦੀਆਂ ਅਨਾਜ ਮੰਡੀਆਂ ’ਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਰਹੇਗੀ। ਉਨ੍ਹਾਂ ਕਿਸਾਨਾ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਸੁੱਕੀ ਕਣਕ ਹੀ ਲੈ ਕੇ ਆਉਣ ਤਾਂ ਜੋ ਮੌਕੇ ’ਤੇ ਹੀ ਖਰੀਦ ਕੀਤੀ ਜਾ ਸਕੇ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨ ਮੰਡੀਆਂ ਵਿੱਚ ਆਪਸ ਵਿਚ ਸ਼ਰੀਰਕ ਫਾਸਲਾਂ ਕਾਇਮ ਰੱਖਣਾ ਯਕੀਨੀ ਬਣਾਉਣ। ਮੰਡੀਆਂ ’ਚ ਆਉਣ ਸਮੇਂ ਟਰੈਕਟਰ-ਟਰਾਲੀ ’ਤੇ ਇਕ ਤੋਂ ਵੱਧ ਵਿਅਕਤੀ ਬਿਠਾਉਣ ਤੋਂ ਗੁਰੇਜ ਕੀਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਖਾਂਸੀ, ਜੁਕਾਮ ਜਾਂ ਬੁਖਾਰ ਹੋਵੇ ਤਾਂ ਉਹ ਮੰਡੀ ਵਿੱਚ ਨਾ ਆਵੇ ਬਲਕਿ ਸਿਹਤ ਕੇਂਦਰ ਵਿਖੇ ਜਾ ਕੇ ਆਪਣੀ ਜਾਂਚ ਕਰਵਾਉਣ ਨੂੰ ਤਵਜੋਂ ਦੇਣ ਤਾਂ ਜੋ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਮੰਡੀ ਅਫ਼ਸਰ ਸਵਰਨ ਸਿੰਘ ਨੇ ਦੱਸਿਆ ਕਿ ਖਰੀਦ ਦੇ ਸਤਵੇਂ ਦਿਨ 35808 ਮੀਟ੍ਰਿਕ ਟਨ ਕਣਕ ਦੀ ਆਮਦ ਹੋਈ। ਮੰਡੀਆਂ ’ਚ ਪਹੰੁਚੀ ਕਣਕ ’ਚੋਂ 35573 ਮੀਟ੍ਰਿਕ ਟਨ ਦੀ ਸਰਕਾਰੀ ਏਜੰਸੀਆਂ

ਦੁਆਰਾ ਖਰੀਦ ਕੀਤੀ ਗਈ ਹੈ, ਜਿਸ ਵਿਚੋਂ ਪਨਗਰੇਨ ਵੱਲੋਂ 9508 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 2020 ਮਾਰਕਫੈੱਡ ਵੱਲੋਂ 10368 ਮੀਟ੍ਰਿਕ ਟਨ, ਪਨਸਪ ਵੱਲੋਂ 9412 ਮੀਟ੍ਰਿਕ ਟਨ ਅਤੇ ਪੰਜਾਬ ਵੇਅਰਹਾਊਸ ਵੱਲੋਂ 4265 ਮੀਟ੍ਰਿਕ ਟਨ ਕਣਕ ਖ਼ਰੀਦੀ ਗਈ ਹੈ।